

















ਜਦੋ ਪਰਮੇਸ਼ਵਰ ਨੈ ਸਭ ਕੁੱਝ ਰਚਿਆ

ਇਹ ਕਹਾਣੀ ਪਰਮੇਸ਼ਵਰ ਦਾ ਵਚਨ, ਜੋ ਬਾਈਬਲ ਹੈ

ਇਹ ਪਾਈ ਜਾਂਦੀ ਹੈ

ਉਤਪਤ 1-2

ਸ਼ਬਦਾ ਦੇ ਪਰਵੇਸ਼ ਦੁਆਰਾ ਰੋਸ਼ਨੀ ਮਿਲਦੀ ਹੈ।
ਜ਼ਬੂਰਾਂ ਦੀ ਪੋਥੀ 119:130

ਦੁਆਰਾ ਲਿਖਿਆ ਗਿਆ : Edward Hughes
ਦੁਆਰਾ ਦਿੱਤੀਆਂ ਗਈਆਂ ਉਦਾਹਰਣਾਂ :
Byron Unger; Lazarus

ਦੁਆਰਾ ਕੀਤਾ ਗਿਆ ਅਨੁਵਾਦ : Rev. Tasveer ull haque
ਦੁਆਰਾ ਬਦਲਿਆ ਗਿਆ : Bob Davies; Tammy S.

ਕਹਾਣੀ 1 ਤੋ 60

**M1914.org**

**Bible for Children, PO Box 3, Winnipeg MB  R3C 2G1  Canada**

ਆਗਿਆ ਦੇਣ.ੀ : ਜਦ ਤੱਕ ਤੁਸੀ ਇਸ ਨੂੰ ਵੇਚਦੇ ਨਹੀ ਤਦ ਤੱਕ ਤੁਹਾਨੂੰ ਅਧਿਕਾਰ ਹੈ ਕਿ
ਤੁਸੀ ਇਸ ਕਹਾਣੀ ਨੂੰ ਛਾਪ ਸਕੋ ਜਾ ਇਸ ਦੀ ਨਕਲ ਉਤਾਰ ਸਕੋ।

ਪਰਮੇਸ਼ਵਰ ਜਾਣਦਾ ਹੈ ਕਿ ਅਸੀ ਬੁਰੇ ਕੰਮ ਕੀਤੇ ਹਨ ਜਿਸ ਨੂੰ ਉਹ ਪਾਪ ਕਹਿੰਦਾ ਹੈ।ਪਾਪ ਦੀ ਮਜ਼ਦੂਰੀ ਮੋਤ ਹੈ।

ਪਰਮੇਸ਼ਵਰ ਨੇ ਸਾਨੂੰ ਇਹੋ ਜਿਹਾ ਪਿਆਰ ਕੀਤਾ ਕਿ ਉਸਨੇ ਆਪਣਾ ਪੁੱਤਰ ਭੇਜ਼ ਦਿੱਤਾ ਕਿ ਯਿਸੂ ਸਲੀਬ ਤੇ ਆਪਣੀ ਜਾਨ ਕੁਰਬਾਨ ਕਰੇ ਅਤੇ ਸਾਡਾ ਜੁਰਮਾਨਾਂ ਭਰੇ।ਯਿਸੂ ਮਸੀਹ ਜਿੰਦਾ ਹੋ਼ਏ ਅਤੇ ਵਾਪਿਸ ਸਵਰਗ ਨੂੰ ਚਲੇ ਗਏ।ਹੁਣ ਪਰਮੇਸ਼ਵਰ ਸਾਡੇ ਗੁਨਾਹਾ ਨੂੰ ਮੁਆਫ਼ ਕਰ ਸਕਦਾ ਹੈ।

ਜ਼ੇਕਰ ਤੁਸੀ ਆਪਣੇ ਪਾਪਾਂ ਤੋ ਮੁੜਨਾ ਚਾਹੁੰਦੇ ਹੋ ਤਾਂ ਪਰਮੇਸ਼ਵਰ ਨੂੰ ਆਖੋ : ਪਿਆਰੇ ਪਰਮੇਸ਼ਵਰ ਮੈ ਵਿਸ਼ਵਾਸ਼ ਕਰਦਾਂ ਹਾਂ ਕਿ ਯਿਸੂ ਮੇਰੇ ਲਈ ਮਰਿਆਂ ਅਤੇ ਹੁਣ ਜਿੰਦਾਂ ਹੈ। ਕਿਰਪਾ ਕਰਕੇ ਮੇਰੇ ਜੀਵਨ ਵਿੱਚ ਆਓ ਅਤੇ ਮੇਰੇ ਗੁਨਾਹਾਂ ਨੂੰ ਮੁਆਫ਼ ਕਰੋ। ਤਾਂ ਜੋ ਹੁਣ ਮੈ ਨਵਾਂ ਜੀਵਨ ਪਾਵਾਂ ਅਤੇ ਤੁਹਾਡੇ ਨਾਲ ਹਮੇਸ਼ਾਂ ਲਈ ਰਹਾਂ। ਮੇਰੀ ਮਦਦ ਕਰੋ ਕਿ ਮੈ ਤੁਹਾਡੇ ਲਈ ਜੀਵਾਂ ਤੁਹਾਡਾ ਬੱਚਾਂ ਬਣ ਕੇ,
ਆਮੀਨ। ਯਹੂੰਨਾ ਦੀ ਇੰਜ਼ੀਲ 3:16

ਬਾਈਬਲ ਨੂੰ ਪੜੋ ਅਤੇ ਪਰਮੇਸ਼ਵਰ ਨਾਲ ਹਰ ਰੋਜ਼ ਗੱਲ ਬਾਤ ਕਰੋ।

ਪੰਜ਼ਾਬੀ

Punjabi







ਜਦ ਪਰਮੇਸ਼ਵਰ ਨੇ ਆਪਣਾ ਸਾਹ ਆਦਮ ਵਿੱਚ ਫੂਕਿਆ, ਤਾਂ ਉਹ ਜਿੰਦਾ ਹੋ ਗਿਆ। ਉਸਨੇ ਆਪਣੇ ਆਪ ਨੂੰ ਇੱਕ ਬਹੁਤ ਸੁੰਦਰ ਬਾਗ ਵਿੱਚ ਪਾਇਆ। ਜਿਸ ਦਾ ਨਾਮ ਅਦਨ ਦਾ ਬਾਗ ਹੈ।
3
ਆਦਮ ਨੂੰ ਬਣਾਉਣ ਤੋ ਪਹਿਲਾਂ ਪਰਮੇਸ਼ਵਰ ਨੇ ਬਹੁਤ ਸੁੰਦਰ ਸੰਸਾਰ ਨੂੰ ਰਚਿਆ, ਜੋ ਕਿ ਬਹੁਤ ਵਧੀਆਂ (ਅਦਭੁੱਤ) ਚੀਜ਼ਾਂ ਨਾਲ ਭਰਿਆਂ ਸੀ।ਇੱਕ ਦੇ ਬਾਅਦ ਇੱਕ ਕਰਕੇ ਪਰਮੇਸ਼ਵਰ ਨੇ ਪਹਾੜੀ ਖੇਤਰ ਅਤੇ ਬਿਨਾਂ ਰੁੱਖ ਵਾਲੇ ਖੁੱਲੇ ਮੈਦਾਨ, ਅਕਾਸ਼, ...
4
... ਖੁਸ਼ਬੂਦਾਰ ਫੁੱਲ ਅਤੇ ਲੰਮੇ ਦਰਖਤ, ਚੰਮਕੀਲੇ ਖੰਬਾ ਵਾਲੇ ਪੰਛੀ ਅਤੇ ਭਿੰਨ-ਭਿੰਨ ਤਰਾਂ ਦੀਆਂ ਮਧੂ ਮੱਖਆਂ, ਚਿਕੱੜ ਵਿੱਚ ਲੇਟੇ ਮਾਰਨ ਵਾਲੀਆਂ ਵੇਲ ਮੱਛੀਆਂ ਅਤੇ ਘੋਗੇ।ਅਸਲ ਵਿੱਚ ਪਰਮੇਸ਼ਵਰ ਨੇ ਉਥੇ ਸਭ ਕੁੱਝ ਬਣਾਇਆ ਹੈ-ਸਭ ਕੁੱਝ।
5
ਆਦਿ ਵਿੱਚ ਪਰਮੇਸ਼ਵਰ ਦੇ ਕੁੱਝ ਵੀ ਬਣਾਉਣ ਤੋ ਪਹਿਲਾਂ, ਪਰਮੇਸ਼ਵਰ ਨੂੰ ਛੱਡ ਹੋਰ ਕੁੱਝ ਵੀ ਨਹੀ ਸੀ।ਨਾ ਮਨੁੱਖ ਅਤੇ ਨਾ ਥਾਂ ਅਤੇ ਨਾ ਕਿਸੇ ਵੀ ਤਰਾਂ ਦੀਆਂ ਵਸਤੂਆਂ ਸਨ। ਕੁੱਝ ਨਹੀ।ਨਾ ਚਾਨਣ ਅਤੇ ਨਾ ਹਨੇਰਾ ਸੀ।
6
ਨਾ ਕੁੱਝ ਉਪਰ ਅਤੇ ਨਾ ਹੀ ਕੁੱਝ ਥੱਲੇ ਸੀ।ਨਾ ਬੀਤਿਆਂ ਹੋਇਆ ਦਿਨ ਸੀ, ਅਤੇ ਨਾ ਆਉਣ ਵਾਲਾ ਦਿਨ ਸੀ, ਉਥੇ ਸਿਰਫ਼ ਪਰਮੇਸ਼ਵਰ ਸੀ ਜਿਸਦੀ ਕੋਈ ਸੁਰੂਆਤ ਨਹੀ ਸੀ।ਤਦ ਪਰਮੇਸ਼ਵਰ ਨੇ ਕਿਰਿਆ ਕੀਤੀ। ਆਦਿ ਵਿੱਚ ਪਰਮੇਸ਼ਵਰ ਨੇ ਅਕਾਸ਼ ਅਤੇ ਧਰਤੀ ਦੀ ਰਚਨਾਂ ਕੀਤੀ।
7
ਧਰਤੀ ਬੇਡੋਲ ਅਤੇ ਖਾਲੀ ਸੀ, ਅਤੇ ਡੂੰਘਿਆਈਆਂ ਉਤੇ ਹਨੇਰਾ ਸੀ। ਤਦ ਪਰਮੇਸ਼ਵਰ ਨੇ ਆਖਿਆ, ਕਿ ਚਾਨਣ ਹੋਵੇ।
8
ਤਾਂ ਚਾਨਣ ਹੋ ਗਿਆ।ਤਾਂ ਪਰਮੇਸ਼ਵਰ ਨੇ ਚਾਨਣ ਨੂੰ ਦਿਨ ਆਖਿਆ ਅਤੇ ਹਨੇਰੇ ਨੂੰ ਰਾਤ ਆਖਿਆ। ਸੋ ਸੰਝ ਤੋ ਸਵੇਰ ਪਹਿਲਾਂ ਦਿਨ ਹੋਇਆ।
9
ਦੂਜੇ ਦਿਨ ਪਰਮੇਸ਼ਵਰ ਨੇ ਮਹਾਂਸਾਗਰਾ ਦੇ ਪਾਣੀ ਨੂੰ ਲਿਆ ਕੇ, ਸਮੁੰਦਰਾਂ ਅਤੇ ਝੀਲਾਂ ਵਿੱਚ ਅਕਾਸ਼ ਦੇ ਥੱਲੇ ਪ੍ਰਬੰਧ ਕੀਤਾ।ਤੀਸਰੇ ਦਿਨ ਪਰਮੇਸ਼ਵਰ ਨੇ ਆਖਿਆ ਕਿ ਸੁੱਕੀ ਧਰਤੀ ਦਿਖਾਈ ਦੇਵੇ, ਅਤੇ ਇਸ ਤਰਾਂ ਹੋ ਗਿਆ।
10
ਫੇਰ ਪ੍ਰਮੇਸ਼ਵਰ ਨੇ ਆਗਿਆ ਦਿੱਤੀ ਕਿ ਘਾਹ ਅਤੇ ਫੁੱਲ ਅਤੇ ਝਾੜੀਆਂ ਅਤੇ ਦਰਖਤ ਦਿਖਾਈ ਦੇਣ। ਅਤੇ ਉਹ ਦਿਖਾਈ ਦਿੱਤੇ। ਸੋ ਸੰਝ ਤੁ ਸਵੇਰ ਤੀਸਰਾ ਦਿਨ ਹੁਇਆ।
11
ਤਦ ਪਰਮੇਸ਼ਵਰ ਨੇ ਸੂਰਜ, ਚੰਦਰਮਾ ਅਤੇ ਬਹੁਤ ਸਾਰੇ ਤਾਰਿਆ ਨੂੰ ਬਣਾਇਆ, ਜਿਨ੍ਹਾਂ ਨੂੰ ਕੋਈ ਗਿਣ ਨਹੀ ਸਕਦਾ।ਸੋ ਸੰਝ ਤੋ ਸਵੇਰ ਚੋਥਾ ਦਿਨ ਹੋਇਆ।
12
ਤਦ ਪਰਮੇਸ਼ਵਰ ਦੀ ਅਗਲੀ ਸੂਚੀ ਵਿੱਚ ਸਮੁੰਦਰੀ ਜੀਵ ਜੰਤੂ ਮੱਛੀਆਂ ਅਤੇ ਪੰਛੀ ਸਨ।ਅਤੇ ਪੰਜਵੇ ਦਿਨ ਉਸਨੇ ਵੱਡੀਆਂ ਤੇਗਾ ਮੱਛੀਆਂ, ਅਤੇ ਛੋਟੀਆਂ ਸਮੁੰਦਰੀ ਮੱਛੀਆਂ, ਲੰਮੀਆਂ ਲੱਤਾਂ ਵਾਲੇ ਛਤਰ ਮੁਰਗ ਅਤੇ ਖੁੱਸ਼ ਮਿਜ਼ਾਜ਼ ਪਹਾੜੀ ਪੰਛੀ ਬਣਾਏ। ਸੋ ਸੰਝ ਤੋ ਸਵੇਰ ਪੰਜਵਾਂ ਦਿਨ ਹੋਇਆ।
13
ਉਸਦੇ ਬਾਅਦ ਪਰਮੇਸ਼ਵਰ ਫਿਰ ਬੋਲਿਆਂ। ਉਸਨੇ ਕਿਹਾ ਧਰਤੀ ਜਿਉਂਦੇ ਪ੍ਰਾਣੀਆਂ ਨਾਲ ਭਰ ਜਾਵੇ ... ਹਰ ਤਰ੍ਹਾਂ ਦੇ ਜਾਨਵਰ ਅਤੇ ਕੀਟ ਪਤੰਗੇ, ਅਤੇ ਰੀਂਗਣ ਵਾਲੇ ਜੀਵ ਹੋਂਦ ਵਿੱਚ ਆਏ।ਉਹ ਧਰਤੀ ਨੂੰ ਹਿਲਾਉਣ ਵਾਲੇ ਹਾਥੀ ਅਤੇ ਰੁੱਝੇ ਰਹਿਣ ਵਾਲੇ ਉਦ ਬਿਲਾਵ ਸਨ।
14
ਸ਼ਰਾਰਤੀ ਬਾਂਦਰ ਅਤੇ ਭੱਦੇ ਮਗਰ ਮੱਛ ਸਨ। ਜੱਤਦਾਰ ਕੀੜੇ ਅਤੇ ਗੁਸਤਾਖ਼ ਗਿਲਹਰੀ। ਦਲ ਵਿੱਚ ਰਹਿਣ ਵਾਲੇ ਜ਼ਰਾਫ਼ ਅਤੇ ਘੁਰ-ਘੁਰ ਕਰਨ ਵਾਲੀਆਂ ਬਿੱਲੀਆਂ। ਉਸ ਦਿਨ ਪਰਮੇਸ਼ਵਰ ਦੇ ਦੁਆਰਾ ਹਰ ਤਰ੍ਹਾਂ ਦਾ ਜਾਨਵਰ ਰਚਿਆਂ ਗਿਆ। ਸੋ ਸੰਝ ਤੁ ਸਵੇਰ ਛੇਵਾਂ ਦਿਨ ਹੋਇਆ।
15
ਪਰਮੇਸ਼ਰ ਨੇ ਛੇਵੇ ਦਿਨ ਕੁੱਝ ਅਲੱਗ ਕੀਤਾ ਜਿਹੜਾ ਬੜਾ ਹੀ ਖਾਸ ਸੀ। ਮਨੁੱਖ ਲਈ ਸਭ ਕੁੱਝ ਤਿਆਰ ਸੀ।ਉਸਦੇ ਲਈ ਮੈਦਾਨ ਵਿੱਚ ਖਾਣਾ ਸੀ, ...
16
... ਅਤੇ ਉਸਦੀ ਸੇਵਾ ਕਰਨ ਲਈ ਜਾਨਵਰ ਸਨ, ਅਤੇ ਪਰਮੇਸ਼ਵਰ ਨੇ ਕਿਹਾ ਅਸੀ ਆਦਮੀ ਨੂੰ ਆਪਣੇ ਸਰੂਪ ਤੇ ਬਣਾਈਏ, ਤਾਂ ਕਿ ਉਹ ਸਾਰੀ ਧਰਤੀ ਉਤੇ ਰਾਜ਼ ਕਰੇ ਤਾਂ ਪਰਮੇਸ਼ਵਰ ਨੇ ਮਨੁੱਖ ਨੂੰ ਆਪਣੇ ਸਰੂਪ ਤੇ ਬਣਾਇਆ। ਪਰਮੇਸ਼ਵਰ ਨੇ ਆਪਣੇ ਸਰੂਪ ਤੇ ਉਸਨੂੰ ਉਤਪਤ ਕੀਤਾ।
17
ਤਾਂ ਪਰਮੇਸ਼ਵਰ ਨੇ ਆਦਮ ਨੂੰ ਕਿਹਾ, ਕਿ ਤੂੰ ਬਾਗ ਦੇ ਹਰ ਦਰਖਤ ਦਾ ਫਲ ਜਿਸ ਨੂੰ ਤੇਰਾ ਮਨ ਕਰੇ, ਖਾ ਸਕਦਾ ਹੈ। ਪਰ ਭਲੇ ਬੁਰੇ ਦੀ ਸਿਆਣ ਦੇ ਦਰਖਤ ਤੋ ਤੂੰ ਨਾ ਖਾਈ। ਕਿਉਕਿ ਜੇਕਰ ਉਸਨੂੰ ਖਾਵੇਗਾ, ਤਾਂ ਜ਼ਰੂਰ ਮਰੇਗਾ।
18